ਸੋਰਠਿ ਮਹਲਾ ੪ ॥ ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਥਾਪਿ ਉਥਾਪੈ ॥ ਆਪੇ ਵੇਖਿ ਵਿਗਸਦਾ ਪਿਆਰਾ ਕਰਿ ਚੋਜ ਵੇਖੈ ਪ੍ਰਭੁ ਆ ਪੈ ॥ ਆਪੇ ਵਣਿ ਤਿਣਿ ਸਭਤੁ ਹੈ ਪਿਆਰਾ ਆਪੇ ਗੁਰਮੁਖਿ ਜਾਪੈ ॥੧॥ ਜਪਿ ਮਨ ਹਰਿ ਹਰਿ ਨਾਮ ਰਸਿ ਧ੍ਰਾਪੈ ॥ ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰ ਸਬਦੀ ਚਖਿ ਜਾਪੈ ॥ ਰਹਾਉ ॥ ਆਪੇ ਤੀਰਥੁ ਤੁਲਹੜਾ ਪਿਆਰਾ ਆਪਿ ਤਰੈ ਪ੍ਰਭੁ ਆਪੈ ॥ ਆਪੇ ਜਾਲੁ ਵਤਾਇਦਾ ਪਿਆਰਾ ਸਭੁ ਜਗੁ ਮਛੁਲੀ ਹਰਿ ਆਪੈ ॥ ਆਪਿ ਅਭੁਲੁ ਨ ਭੁਲਈ ਪਿਆਰਾ ਅਵਰੁ ਨ ਦੂਜਾ ਜਾਪੈ ॥੨॥ ਆਪੇ ਸਿੰਙੀ ਨਾਦੁ ਹੈ ਪਿਆਰਾ ਧੁਨਿ ਆਪਿ ਵਜਾਏ ਆਪੈ ॥ ਆਪੇ ਜੋਗੀ ਪੁਰਖੁ ਹੈ ਪਿਆਰਾ ਆਪੇ ਹੀ ਤਪੁ ਤਾਪੈ ॥ ਆਪੇ ਸਤਿਗੁਰੁ ਆਪਿ ਹੈ ਚੇਲਾ ਉਪਦੇਸੁ ਕਰੈ ਪ੍ਰਭੁ ਆਪੈ ॥੩॥ ਆਪੇ ਨਾਉ ਜਪਾਇਦਾ ਪਿਆਰਾ ਆਪੇ ਹੀ ਜਪੁ ਜਾਪੈ ॥ ਆਪੇ ਅੰਮ੍ਰਿਤੁ ਆਪਿ ਹੈ ਪਿਆਰਾ ਆਪੇ ਹੀ ਰਸੁ ਆਪੈ ॥ ਆਪੇ ਆਪਿ ਸਲਾਹਦਾ ਪਿਆਰਾ ਜਨ ਨਾਨਕ ਹਰਿ ਰਸਿ ਧ੍ਰਾਪੈ ॥੪॥੩॥ {ਪੰਨਾ 605}

ਪਦਅਰਥ:- ਸਭੁ—ਹਰ ਥਾਂ। ਥਾਪਿ—ਪੈਦਾ ਕਰ ਕੇ। ਉਥਾਪੈ—ਨਾਸ ਕਰਦਾ ਹੈ। ਵੇਖਿ—ਵੇਖ ਕੇ। ਵਿਗਸਦਾ—ਖ਼ੁਸ਼ ਹੁੰਦਾ ਹੈ। ਕਰਿ—ਕਰ ਕੇ। ਚੋਜ—ਤਮਾਸ਼ੇ। ਆਪੈ—ਆਪਣੇ ਆਪ ਨੂੰ। ਵਣਿ—ਵਣ ਵਿਚ। ਤਿਣਿ—ਤ੍ਰਿਣ ਵਿਚ। ਸਭਤੁ—ਹਰ ਥਾਂ। ਗੁਰਮੁਖਿ—ਗੁਰੂ ਦੀ ਰਾਹੀਂ। ਜਾਪੈ—ਦਿੱਸਦਾ ਹੈ।1।

ਰਸਿ—ਰਸ ਨਾਲ। ਧ੍ਰਾਪੈ—ਰੱਜ ਜਾਂਦਾ ਹੈ। ਚਖਿ—ਚੱਖ ਕੇ। ਜਾਪੈ—ਮਲੂਮ ਹੁੰਦਾ ਹੈ। ਰਹਾਉ।

ਆਪੇ—ਆਪ ਹੀ। ਤੀਰਥੁ—ਦਰਿਆ ਦਾ ਕੰਢਾ। ਤੁਲਹੜਾ—ਦਰਿਆ ਤੋਂ ਪਾਰ ਲੰਘਣ ਲਈ ਲੱਕੜ-ਬੰਨ੍ਹ ਕੇ ਬਣਾਇਆ ਹੋਇਆ ਗੱਠਾ। ਵਤਾਇਦਾ—ਖਿਲਾਰਦਾ ਹੈ।2।

ਨਾਦੁ—(ਸਿੰਙੀ ਦੀ) ਆਵਾਜ਼। ਧੁਨਿ—ਸੁਰ। ਤਾਪੈ—ਤਪਦਾ ਹੈ।3।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਰਸੁ—ਸੁਆਦ। ਰਸਿ—ਰਸ ਨਾਲ। ਧ੍ਰਾਪੈ—ਰੱਜਦਾ ਹੈ।4।

ਅਰਥ:- ਹੇ ਮੇਰੇ ਮਨ! ਸਦਾ ਪਰਮਾਤਮਾ (ਦੇ ਨਾਮ) ਨੂੰ ਜਪਿਆ ਕਰ, (ਜੇਹੜਾ ਮਨੁੱਖ ਜਪਦਾ ਹੈ ਉਹ) ਨਾਮ ਦੇ ਰਸ ਨਾਲ (ਮਾਇਆ ਵਲੋਂ) ਰੱਜ ਜਾਂਦਾ ਹੈ। ਹੇ ਮਨ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਬਹੁਤ ਸੁਆਦਲਾ ਹੈ, ਬਹੁਤ ਮਿੱਠਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਚੱਖ ਕੇ ਹੀ ਪਤਾ ਲੱਗਦਾ ਹੈ। ਰਹਾਉ।

ਹੇ ਭਾਈ! ਹਰ ਥਾਂ ਪ੍ਰਭੂ ਆਪ ਹੀ ਆਪ ਹੈ, ਆਪ ਹੀ (ਜਗਤ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰ ਦੇਂਦਾ ਹੈ। ਪ੍ਰਭੂ ਆਪ ਹੀ (ਜਗਤ-ਰਚਨਾ ਨੂੰ) ਵੇਖ ਕੇ ਖ਼ੁਸ਼ ਹੁੰਦਾ ਹੈ, ਕੌਤਕ-ਤਮਾਸ਼ੇ ਰਚ ਕੇ ਆਪ ਹੀ ਵੇਖਦਾ ਹੈ, ਆਪਣੇ ਆਪ ਨੂੰ ਹੀ ਵੇਖਦਾ ਹੈ। ਪ੍ਰਭੂ ਆਪ ਹੀ (ਹਰੇਕ) ਵਣ ਵਿਚ (ਹਰੇਕ) ਤੀਲੇ ਵਿਚ ਹਰ ਥਾਂ ਮੌਜੂਦ ਹੈ। ਗੁਰੂ ਦੀ ਸ਼ਰਨ ਪਿਆਂ ਉਹ ਪ੍ਰਭੂ ਦਿੱਸ ਪੈਂਦਾ ਹੈ।1।

ਹੇ ਭਾਈ! ਪ੍ਰਭੂ ਆਪ ਹੀ ਦਰਿਆ ਦਾ ਕੰਢਾ ਹੈ, ਆਪ ਹੀ (ਦਰਿਆ ਤੋਂ ਲੰਘਣ ਲਈ) ਤੁਲਹਾ ਹੈ, ਆਪ ਹੀ (ਦਰਿਆ ਤੋਂ) ਪਾਰ ਲੰਘਦਾ ਹੈ, ਆਪਣੇ ਆਪ ਨੂੰ ਹੀ ਲੰਘਾਂਦਾ ਹੈ। ਪ੍ਰਭੂ ਆਪ ਹੀ (ਮਾਇਆ ਦਾ) ਜਾਲ ਵਿਛਾਂਦਾ ਹੈ (ਉਹ ਜਾਲ ਵਿਚ ਫਸਣ ਵਾਲਾ) ਸਾਰਾ ਜਗਤ-ਮਛਲੀ ਆਪਣੇ ਆਪ ਨੂੰ ਹੀ ਬਣਾਂਦਾ ਹੈ। (ਫਿਰ ਭੀ ਉਹ) ਆਪ ਭੁੱਲਣ ਵਾਲਾ ਨਹੀਂ ਹੈ, ਉਹ ਕਦੇ (ਮਾਇਆ-ਜਾਲ ਵਿਚ ਫਸਣ ਵਾਲੀ) ਭੁੱਲ ਨਹੀਂ ਕਰਦਾ। ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ।2।

ਹੇ ਭਾਈ! ਪ੍ਰਭੂ ਆਪ ਹੀ (ਜੋਗੀ ਦੀ ਵਜਾਣ ਵਾਲੀ) ਸਿੰਙੀ ਹੈ, ਆਪ ਹੀ (ਉਸ ਵੱਜਦੀ ਸਿੰਙੀ ਦੀ) ਆਵਾਜ਼ ਹੈ, ਆਪ ਹੀ (ਸਿੰਙੀ ਦੀ) ਸੁਰ ਵਜਾਂਦਾ ਹੈ, ਆਪਣੇ ਆਪ ਨੂੰ ਹੀ ਵਜਾਂਦਾ ਹੈ। ਉਹ ਸਰਬ-ਵਿਆਪਕ ਪ੍ਰਭੂ ਆਪ ਹੀ

ਜੋਗੀ ਹੈ, ਆਪ ਹੀ (ਧੂਣੀਆਂ ਆਦਿਕ ਨਾਲ) ਤਪ ਤਪਦਾ ਹੈ। ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਆਪਣੇ ਆਪ ਨੂੰ ਉਪਦੇਸ਼ ਕਰਦਾ ਹੈ।3।

ਹੇ ਭਾਈ! ਪ੍ਰਭੂ ਆਪ ਹੀ (ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈ (ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਆਪਣਾ ਨਾਮ ਜਪਦਾ ਹੈ। ਆਪ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੈ, ਆਪ ਹੀ ਉਸ ਨਾਮ-ਰਸ ਨੂੰ ਪੀਂਦਾ ਹੈ, ਆਪਣੇ ਆਪ ਨੂੰ ਪੀਂਦਾ ਹੈ। ਹੇ ਦਾਸ ਨਾਨਕ! ਪ੍ਰਭੂ ਆਪ ਹੀ ਆਪਣੀ ਸਿਫ਼ਤਿ-ਸਾਲਾਹ ਕਰਦਾ ਹੈ, ਆਪ ਹੀ ਆਪਣੇ ਨਾਮ-ਰਸ ਨਾਲ ਰੱਜਦਾ ਹੈ।4।3।